# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਕ ਖਬਰਾਂ ਪੰਜਾਬੀ

## 13:10

**ਮਿਤੀ: 26-10-2026**

ਦੇਸ਼ ਭਰ ਵਿੱਚ ਅੱਜ ਤੋਂ ਪਹਿਲੀ ਨਵੰਬਰ ਤੱਕ ਵਿਜੀਲੈਂਸ ਜਾਗਰੂਕਤਾ ਹਫ਼ਤਾ ਮਨਾਇਆ ਜਾ ਰਿਹਾ ਏ। ਇਸਦਾ ਉਦੇਸ਼ ਜਨਤਕ ਜੀਵਨ ਵਿੱਚ ਈਮਾਨਦਾਰੀ ਨੂੰ ਉਤਸ਼ਾਹਿਤ ਕਰਨਾ ਅਤੇ ਭ੍ਰਿਸ਼ਟਾਚਾਰ ਮੁਕਤ ਸਮਾਜ ਦਾ ਨਿਰਮਾਣ ਕਰਨਾ ਏ। ਇਸ ਸਮੇਂ ਦੌਰਾਨ, ਸ਼ਾਸਨ ਅਤੇ ਜਨਤਕ ਪ੍ਰਸ਼ਾਸਨ ਵਿੱਚ ਨੈਤਿਕਤਾ ਅਤੇ ਪਾਰਦਰਸ਼ਿਤਾ ਦੀ ਜ਼ਰੂਰਤ ਬਾਰੇ ਜਾਗਰੂਕਤਾ ਪੈਦਾ ਕੀਤੀ ਜਾਵੇਗੀ। ਇਸ ਸਾਲ ਵਿਜੀਲੈਂਸ ਜਾਗਰੂਕਤਾ ਹਫ਼ਤੇ ਦਾ ਵਿਸ਼ਾ "ਈਮਾਨਦਾਰੀ ਤੋਂ ਖੁਸ਼ਹਾਲੀ" ਏ। ਪ੍ਰਸਾਰ ਭਾਰਤੀ ਦੇ ਮੁੱਖ ਕਾਰਜਕਾਰੀ ਅਧਿਕਾਰੀ (ਸੀ.ਈ.ਓ.) ਗੌਰਵ ਦ੍ਵਿਵੇਦੀ ਨੇ ਵਿਜੀਲੈਂਸ ਜਾਗਰੂਕਤਾ ਹਫ਼ਤੇ ਦੇ ਮੌਕੇ 'ਤੇ ਆਪਣਾ ਸੰਦੇਸ਼ ਸਾਂਝਾ ਕਰਦਿਆਂ ਕਿਹੈ ਕਿ ਰੋਜ਼ਾਨਾ ਦੇ ਕੰਮ ਵਿੱਚ ਪਾਰਦਰਸ਼ਿਤਾ, ਨਿਰਪੱਖਤਾ, ਜਵਾਬਦੇਹੀ ਅਤੇ ਈਮਾਨਦਾਰੀ, ਸੰਗਠਨ ਅਤੇ ਨਾਗਰਿਕਾਂ ਵਲੋਂ, ਇਸ ਵਿੱਚ ਪ੍ਰਗਟਾਏ ਗਏ ਭਰੋਸੇ, ਦੋਵਾਂ ਨੂੰ ਮਜ਼ਬੂਤ ਬਣਾਉਂਦੀ ਏ।

---

ਰਾਸ਼ਟਰਪਤੀ ਦ੍ਰੋਪਦੀ ਮੁਰਮੂ,ਉਪ ਰਾਸ਼ਟਰਪਤੀ ਸੀ ਪੀ ਰਾਧਾ ਕ੍ਰਿਸ਼ਨਨ, ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮਹਾਰਿਸ਼ੀ ਵਾਲਮੀਕਿ ਜਯੰਤੀ ਦੇ ਮੌਕੇ 'ਤੇ ਸਾਰਿਆਂ ਨੂੰ ਵਧਾਈਆਂ ਦਿੱਤੀਆਂ ਨੇ. ਇੱਕ ਸੋਸ਼ਲ ਮੀਡੀਆ ਸੰਦੇਸ਼ ਵਿੱਚ, ਰਾਸ਼ਟਰਪਤੀ ਨੇ ਕਿਹਾ ਕਿ ਮਹਾਰਿਸ਼ੀ ਵਾਲਮੀਕਿ ਵਲੋਂ ਰਚਿਆ ਗਿਆ ਮਹਾਂਕਾਵਿ ਰਾਮਾਇਣ, ਫਰਜ਼, ਸਦਭਾਵਨਾ, ਨਿਰਸਵਾਰਥ ਕਾਰਜ, ਪਰਉਪਕਾਰ, ਮਿੱਤਰਤਾ, ਤਿਆਗ, ਧਰਮ ਅਤੇ ਸ਼ਰਧਾ ਸਿਖਾਉਂਦਾ ਏ । ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਮਹਾਰਿਸ਼ੀ ਵਾਲਮੀਕਿ ਦੇ ਵਿਚਾਰ ਭਾਰਤੀ ਸੱਭਿਆਚਾਰ ਅਤੇ ਵਿਰਸੇ ਦੀ ਨੀਂਹ ਨੇ.

---

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮਹਾਰਿਸ਼ੀ ਭਗਵਾਨ ਵਾਲਮੀਕਿ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਧੂਰੀ ਦੀ ਗਾਂਧੀ ਬਸਤੀ ਵਿਖੇ ਵਿਸ਼ਾਲ ਸ਼ੋਭਾ ਯਾਤਰਾ ਨੂੰ ਕਲ੍ਹ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਦੌਰਾਨ ਉਨ੍ਹਾਂ ਮਹਾਰਿਸ਼ੀ ਭਗਵਾਨ ਵਾਲਮੀਕਿ ਵੱਲੋਂ ਦਰਸਾਏ ਸੱਚ, ਧਰਮ, ਬਰਾਬਰੀ ਅਤੇ ਨਿਆ ਦੇ ਮਾਰਗ 'ਤੇ ਚੱਲਣ ਦੀ ਆਪਣੀ ਸਰਕਾਰ ਦੀ ਵਚਨਬੱਧਤਾ ਦੁਹਰਾਈ। ਰਾਮਾਇਣ ਦੀਆਂ

ਸਦੀਵੀ ਸਿੱਖਿਆਵਾਂ ਦਾ ਹਵਾਲਾ ਦਿੰਦਿਆਂ ਉਨ੍ਹਾਂ ਸਾਰਿਆਂ ਨੂੰ ਮਹਾਰਿਸ਼ੀ ਭਗਵਾਨ ਵਾਲਮੀਕਿ ਜੀ ਵਲੋਂ ਦਰਸਾਏ ਮਾਰਗ 'ਤੇ ਚੱਲਣ ਅਤੇ ਉਨ੍ਹਾਂ ਦੀਆਂ ਉੱਚੀਆਂ-ਸੁੱਚੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਧਾਰਨ ਕਰਨ ਦਾ ਅਹਿਦ ਲੈਣ ਲਈ ਕਿਹਾ.

---------------------------------------------------

ਮੁੱਖ ਮੰਤਰੀ ਨੇ ਕਿਹੈ ਕਿ ਪੰਜਾਬ ਨੂੰ ਸਿੱਖਿਆ ਦੇ ਪ੍ਰਮੁੱਖ ਕੇਂਦਰ ਵਜੋਂ ਵਿਕਸਿਤ ਕੀਤਾ ਜਾ ਰਿਹਾ ਏ । ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਦੇ ਸੁਧਾਰ ਕਾਰਜਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਸਰਕਾਰ ਵੱਲੋਂ ਨੌਜਵਾਨਾਂ ਲਈ ਕਰੀਅਰ ਦੇ ਨਵੇਂ ਰਾਹ ਖੋਲ੍ਹੇ ਜਾ ਰਹੇ ਨੇ. ਧੂਰੀ ਦੇ ਪਿੰਡ ਬਰੜਵਾਲ ਸਥਿਤ ਦੇਸ਼ ਭਗਤ ਕਾਲਜ ਵਿੱਚ ਯੁਵਕ ਮੇਲੇ ਦੌਰਾਨ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਵੱਲੋਂ ਨੌਜਵਾਨਾਂ ਨੂੰ ਰਿਸ਼ਵਤ ਅਤੇ ਫ਼ਰਮਾਇਸ਼ ਤੋਂ ਬਿਨਾਂ ਪੂਰੀ ਤਰ੍ਹਾਂ ਯੋਗਤਾ ਦੇ ਆਧਾਰ 'ਤੇ 70 ਹਜ਼ਾਰ ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਨੇ.  ਮੁੱਖ ਮੰਤਰੀ ਨੇ ਕਿਹਾ ਕਿ, "ਨੌਜਵਾਨਾਂ ਦੀ ਊਰਜਾ, ਹੁਨਰ ਅਤੇ ਰਚਨਾਤਮਕਤਾ ਪੰਜਾਬ ਦਾ ਸਭ ਤੋਂ ਵੱਡਾ ਸਰਮਾਇਆ ਨੇ.

---------------------------------------------------

ਮੋਗਾ ਸ਼ਹਿਰ ਦੇ ਅੰਗਦਪੁਰਾ ਇਲਾਕੇ ਵਿੱਚ ਬੀਤੀ ਰਾਤ ਅਣਪਛਾਤੇ ਹਮਲਾਵਰਾਂ ਵੱਲੋਂ ਇੱਕ ਵਾਹਨ ਤੋਂ ਕਈ ਗੋਲੀਆਂ ਚਲਾਈਆਂ ਗਈਆਂ ਜਿਸ ਕਾਰਨ ਦੋ ਵਿਅਕਤੀਆਂ ਦੀ ਮੌਤ ਹੋ ਗਈ ਅਤੇ ਤਿੰਨ ਹੋਰ ਗੰਭੀਰ ਜ਼ਖਮੀ ਹੋ ਗਏ। ਜ਼ਖਮੀਆਂ ਦਾ ਹਸਪਤਾਲ ਵਿੱਚ ਇਲਾਜ ਚੱਲ ਰਿਹਾ ਏ। ਪੰਜਾਬ ਪੁਲਿਸ ਦੇ ਡਾਇਰੈਕਟਰ ਜਨਰਲ ਗੌਰਵ ਯਾਦਵ, ਜਿਨ੍ਹਾਂ ਨੇ ਅੱਜ ਮੋਗਾ ਦਾ ਦੌਰਾ ਕੀਤਾ, ਨੇ ਮੀਡੀਆ ਨੂੰ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਇੱਕ ਔਰਤ ਸਮੇਤ ਪੰਜ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਏ -

BYTE

-----------------------------------------------------

ਭਾਜਪਾ, ਸ਼੍ਰੋਮਣੀ ਅਕਾਲੀ ਦਲ ਅਤੇ ਕਾਂਗਰਸ ਸਮੇਤ ਵੱਖ-ਵੱਖ ਪਾਰਟੀਆਂ ਨੇ ਇਨ੍ਹਾਂ ਕਤਲਾਂ ਦੀ ਨਿਖੇਧੀ ਕੀਤੀ ਏ ਅਤੇ ਕਾਨੂੰਨ ਵਿਵਸਥਾ ਦੀ ਵਿਗੜਦੀ ਸਥਿਤੀ ਲਈ ਰਾਜ ਸਰਕਾਰ ਦੀ ਨੁਕਤਾਚੀਨੀ ਕੀਤੀ ਏ.

-----------------------------------------------------

ਵਿਦੇਸ਼ਾਂ ਵਿੱਚ ਨੌਕਰੀ ਅਤੇ ਰਿਹਾਇਸ਼ੀ ਵੀਜ਼ਾ ਦਿਵਾਉਣ ਦੇ ਨਾਂ ’ਤੇ ਧੋਖਾਧੜੀ ਕਰਨ ਵਾਲੀਆਂ ਫਰਜ਼ੀ ਵੀਜ਼ਾ ਅਤੇ ਮਾਈਗ੍ਰੇਸ਼ਨ ਏਜੰਸੀਆਂ ਤੋਂ

ਭਾਰਤੀ ਨਾਗਰਿਕਾਂ ਨੂੰ ਸੁਚੇਤ ਰਹਿਣ ਦੀ ਸਲਾਹ ਦਿੱਤੀ ਗਈ ਏ । ਭਾਰਤੀ ਦੂਤਘਰ, ਅਬੂ ਧਾਬੀ ਅਤੇ ਭਾਰਤ ਦੇ ਕੌਂਸਲ ਜਨਰਲ, ਦੁਬਈ ਅਤੇ ਉੱਤਰੀ ਅਮੀਰਾਤ ਨੂੰ ਅਜਿਹੀਆਂ ਏਜੰਸੀਆਂ ਵਿਰੁੱਧ ਭਾਰਤੀ ਨਾਗਰਿਕਾਂ ਤੋਂ ਸ਼ਿਕਾਇਤਾਂ ਪ੍ਰਾਪਤ ਹੋ ਰਹੀਆਂ ਨੇ, ਜੋ ਭਾਰਤ ਤੋਂ ਬਾਹਰ, ਸੰਯੁਕਤ ਅਰਬ ਅਮੀਰਾਤ ਸਮੇਤ ਵੱਖ-ਵੱਖ ਥਾਵਾਂ ’ਤੇ ਸਰਗਰਮ ਨੇ. ਇਹ ਏਜੰਸੀਆਂ ਸੋਸ਼ਲ ਮੀਡੀਆ ’ਤੇ ਇਸ਼ਤਿਹਾਰ ਦੇ ਕੇ ਦੂਜੇ ਦੇਸ਼ਾਂ ਵਿੱਚ ਨੌਕਰੀ ਅਤੇ ਰਿਹਾਇਸ਼ੀ ਵੀਜ਼ਾ ਦਿਵਾਉਣ ਦੇ ਦਾਅਵੇ ਕਰਦੀਆਂ ਨੇ. ਇਸ ਦੇ ਬਦਲੇ ਬਿਨੈਕਾਰਾਂ ਤੋਂ ਫੀਸ ਵਸੂਲੀ ਜਾਂਦੀ ਏ, ਪਰ ਬਾਅਦ ਵਿੱਚ ਨਾ ਤਾਂ ਵਾਅਦੇ ਮੁਤਾਬਿਕ ਸੇਵਾਵਾਂ ਦਿੱਤੀਆਂ ਜਾਂਦੀਆਂ ਨੇ ਅਤੇ ਨਾ ਹੀ ਉਨ੍ਹਾਂ ਦੀ ਰਕਮ ਵਾਪਸ ਕੀਤੀ ਜਾਂਦੀ ਏ । ਭਾਰਤੀ ਨਾਗਰਿਕਾਂ ਨੂੰ ਸਲਾਹ ਦਿੱਤੀ ਗਈ ਏ ਕਿ ਉਹ ਸਿਰਫ਼ ਸੋਸ਼ਲ ਮੀਡੀਆ ’ਤੇ ਪ੍ਰਕਾਸ਼ਿਤ ਇਸ਼ਤਿਹਾਰਾਂ ਦੇ ਆਧਾਰ ’ਤੇ ਕਿਸੇ ਵੀ ਏਜੰਸੀ ’ਤੇ ਭਰੋਸਾ ਨਾ ਕਰਨ। ਖ਼ਾਸ ਤੌਰ ’ਤੇ ਭਾਰਤ ਤੋਂ ਬਾਹਰ ਕੰਮ ਕਰ ਰਹੀਆਂ ਨਿੱਜੀ ਵੀਜ਼ਾ ਅਤੇ ਮਾਈਗ੍ਰੇਸ਼ਨ ਏਜੰਸੀਆਂ ਨਾਲ ਲੈਣ-ਦੇਣ ਕਰਦੇ ਸਮੇਂ ਪੂਰੀ ਸਾਵਧਾਨੀ ਵਰਤੀ ਜਾਵੇ। ਜਿਸ ਦੇਸ਼ ਵਿੱਚ ਜਾਣ ਲਈ ਵੀਜ਼ਾ ਪ੍ਰਾਪਤ ਕਰਨਾ ਹੋਵੇ,

ਉਸ ਦੇਸ਼ ਦੀਆਂ ਵੀਜ਼ਾ ਸਬੰਧੀ ਸ਼ਰਤਾਂ, ਅਰਜ਼ੀ ਦੇਣ ਦੀ ਪ੍ਰਕਿਰਿਆ ਅਤੇ ਨੌਕਰੀ ਜਾਂ ਰਿਹਾਇਸ਼ੀ ਵੀਜ਼ਾ ਹਾਸਲ ਕਰਨ ਦੇ ਅਧਿਕਾਰਤ ਤਰੀਕਿਆਂ ਬਾਰੇ ਜਾਣਕਾਰੀ ਸਬੰਧਿਤ ਦੇਸ਼ ਦੇ ਦੂਤਾਵਾਸ ਜਾਂ ਕੌਂਸਲੇਟ ਤੋਂ ਸਿੱਧੇ ਤੌਰ ’ਤੇ ਪ੍ਰਾਪਤ ਕੀਤੀ ਜਾਵੇ।

---------------------------------------------------